**CLASS : 10th (Secondary)** **Code No. 109**

**Series : Sec/Annual-2023**

*Roll No.* | | | | | | | | | | |

***SET : C***

# ਪੰਜਾਬੀ

## PUNJABI

*(Academic/Open)*

(Only for Fresh/Re-appear/Improvement/Additional Candidates)

***ਸਮਾਂ : 3 ਘੰਟੇ ]*** ***[ ਕੁਲ ਅੰਕ : 80***

- *ਕ੍ਰਿਪਆ ਜਾਂਚ ਕਰ ਲਓ ਕਿ ਇਸ ਪ੍ਰਸਨ-ਪੱਤਰ ਵਿੱਚ ਛੱਪੇ ਪੰਨਿਆ ਦੀ ਸੰਖਿਆ **7** ਅਤੇ ਪ੍ਰਸ਼ਨ **14** ਹਨ।*
- *ਪ੍ਰਸ਼ਨ-ਪੱਤਰ ਵਿੱਚ ਸੱਜੇ ਪਾਸੇ ਦਿੱਤੇ ਹੋਏ **ਕੋਡ ਨੰ.** ਅਤੇ **ਸੇਟ** ਨੂੰ ਵਿਦਿਆਰਥੀ ਉੱਤਰ-ਪੁਸਤਿਕਾ ਦੇ ਮੁੱਖ ਪੰਨੇ ਤੇ ਲਿਖ਼ਨ।*
- *ਕ੍ਰਿਪਆ ਪ੍ਰਸ਼ਨ ਦਾ ਉੱਤਰ ਲਿਖ਼ਣਾ ਸ਼ੁਰੂ ਕਰਨ ਤੋਂ ਪਹਿਲਾਂ ਪ੍ਰਸ਼ਨ ਦਾ ਕ੍ਰਮਾਂਕ ਜਰੂਰ ਲਿਖ਼ੋ।*
- *ਆਪਣੀ ਉੱਤਰ-ਪੁਸਤਿਕਾ ਵਿੱਚ ਖ਼ਾਲੀ ਪੰਨਾ/ਪੰਨੇ ਨਾ ਛੱਡੋ।*
- *ਉੱਤਰ-ਪੁਸਤਿਕਾ ਦੇ ਇਲਾਵਾ ਕੋਈ ਹੋਰ ਸ਼ੀਟ ਨਹੀਂ ਮਿਲੇਗੀ। ਇਸ ਲਈ ਢੁਕਵੇਂ ਹੀ ਲਿਖ਼ੋ ਅਤੇ ਲਿਖ਼ਿਆ ਉੱਤਰ ਨਾ ਕੱਟੋ।*
- *ਪ੍ਰੀਖਿਆਰਥੀ ਆਪਣਾ ਰੋਲ ਨੰ. ਪ੍ਰਸ਼ਨ-ਪੱਤਰ ਤੇ ਜ਼ਰੂਰ ਲਿਖਣ। ਰੋਲ ਨੰਬਰ ਨੂੰ ਛੱਡ ਕੇ ਪ੍ਰਸ਼ਨ ਪੱਤਰ 'ਤੇ ਕੁਝ ਨਾ ਲਿਖੋ ਅਤੇ ਵਿਕਲਪਿਕ ਪ੍ਰਸ਼ਨਾਂ ਦੇ ਉੱਤਰਾਂ 'ਤੇ ਕੋਈ ਨਿਸ਼ਾਨ ਨਾ ਬਣਾਓ।*
- *ਕ੍ਰਿਪਆ ਪ੍ਰਸ਼ਨਾਂ ਦਾ ਉੱਤਰ ਦੇਣ ਤੋਂ ਪਹਿਲਾਂ ਇਹ ਵੇਖ ਲੋ ਕਿ ਪ੍ਰਸ਼ਨ-ਪੱਤਰ ਪੂਰਾ ਅਤੇ ਠੀਕ ਹੈ। **ਪਰੀਖਿਆ ਦੇ ਬਾਅਦ ਇਸ ਸੰਬੰਧ ਵਿਚ ਕੋਈ ਵੀ ਦਾਅਵਾ ਨਹੀਂ ਮੰਨਿਆ ਜਾਏਗਾ।***

***ਨੋਟ : ਸਾਰੇ ਪ੍ਰਸ਼ਨ ਕਰਨੇ ਜ਼ਰੂਰੀ ਹਨ।***

**ਭਾਗ – (ੳ)**

**1.** ਹੇਠ ਲਿਖੇ ਬਹੁ ਵਿਕਲਪੀ ਪ੍ਰਸ਼ਨਾਂ ਵਿਚੋਂ ਸਹੀ ਉੱਤਰ ਚੁਣ ਕੇ ਲਿਖੋ : $1 \times 4 = 4$

(i) ਸ਼ੁੱਧ ਸ਼ਬਦ ਚੁਣੋ :

(ੳ) ਟੁੰਬਦੀ

(ਅ) ਕਹਾਨੀਕਾਰ

(ੲ) ਲਾਹੌਰ

(ਸ) ਮਿਹਨਤ

(ii) ਜਿਉਂ-ਜਿਉਂ ਭਿੱਜੇ ਕੰਬਲੀ, ਤਿਉਂ-ਤਿਉਂ .......... ਹੋਏ। ਅਖਾਣ ਪੂਰੀ ਕਰੋ।

(ੳ) ਭਾਰੀ (ਅ) ਗਿਲੀ

(ੲ) ਠੰਡੀ (ਸ) ਖਰਾਬ

(iii) ਹਰਮਨ ਸ਼ਹਿਰ ਮੇਲਾ ਦੇਖਣ ਗਿਆ। ਵਾਕ ਵਿਚ 'ਹਰਮਨ' ਸ਼ਬਦ ਹੈ :

(ੳ) ਆਮ ਨਾਂਵ

(ਅ) ਖਾਸ ਨਾਂਵ

(ੲ) ਭਾਵ ਵਾਚਕ ਨਾਂਵ

(ਸ) ਪਦਾਰਥ ਵਾਚਕ ਨਾਂਵ

(iv) ਨੀਲਮ ਨੇ ਸੇਬ ਚੀਰਿਆ। ਵਾਕ ਵਿਚੋਂ ਕਰਤਾ ਕਾਰਕ ਚੁਣੋ :

(ੳ) ਨੀਲਮ

(ਅ) ਨੇ

(ੲ) ਸੇਬ

(ਸ) ਚੀਰਿਆ

**2.** (i) ਤੁਹਾਡਾ ਕੀ ਨਾਂ ਹੈ? (ਸਾਧਾਰਨ ਵਾਕ ਬਣਾਓ) 1

(ii) ਉਹ ਬੜਾ ਬੇਈਮਾਨ ਹੈ। (ਨਾਂਹ-ਵਾਚਕ ਵਾਕ ਬਣਾਓ) 1

(iii) ਧੋਬੀ ਕੱਪੜੇ ਧੋ ਰਿਹਾ ਹੈ। ('ਧੋਬੀ' ਸ਼ਬਦ ਦੀ ਪਦਵੰਡ ਕਰੋ) 1

(iv) 'ਸਾਰ' ਪਿਛੇਤਰ ਤੋਂ ਇਕ ਸ਼ਬਦ ਬਣਾਓ। 1

**3.** ਮਾਂ ਤੇ ਬੱਚੇ ਜਾ ਰਿਹਾ ਹੈ। (ਵਾਕ ਨੂੰ ਸ਼ੁੱਧ ਕਰਕੇ ਲਿਖੋ) 2

**4.** ਹੇਠ ਲਿਖੇ ਵਾਕ ਨੂੰ ਵਿਸ਼ਰਾਮ ਚਿੰਨ੍ਹ ਲਗਾ ਕੇ ਲਿਖੋ : 3

ਮਿਲਖਾ ਸਿੰਘ ਨੇ ਕਿਹਾ ਕਾਸ਼ ਮੈਂ ਚਾਰ ਸੋ ਮੀਟਰ ਨਾ ਦੌੜਦਾ

**5.** ਹੇਠ ਲਿਖੇ ਮੁਹਾਵਰਿਆਂ ਵਿਚੋਂ ਕਿਸੇ ***ਇਕ*** ਮੁਹਾਵਰੇ ਨੂੰ ਅਰਥ ਸਹਿਤ ਵਾਕ ਵਿਚ ਵਰਤੋ : 2

(i) ਮੂੰਹ ਦੀ ਖਾਣੀ

(ii) ਨੱਕ ਨਾਲ ਲਕੀਰਾਂ ਕੱਢਣੀਆਂ

**6.** ਹੇਠ ਲਿਖੇ ਪੈਰੇ ਨੂੰ ਧਿਆਨ ਨਾਲ ਪੜ੍ਹਕੇ ਪੁੱਛੇ ਗਏ ਪ੍ਰਸ਼ਨਾਂ ਦੇ ਉੱਤਰ ਲਿਖੋ :

ਲੰਡਨ ਬੜਾ ਵੱਡਾ ਸ਼ਹਿਰ ਹੈ। ਪਰ ਏਥੇ ਜੇ ਤੁਹਾਡਾ ਕੋਈ ਦੋਸਤ ਨਾ ਹੋਵੇ ਤਾਂ ਤੁਸੀਂ ਬਹੁਤ ਇਕੱਲੇ ਤੇ ਉਦਾਸੀ ਮਹਿਸੂਸ ਕਰ ਸਕਦੇ ਹੋ। ਅੰਗਰੇਜ਼ ਲੋਕ ਤਬੀਅਤ ਦੇ ਠੰਡੇ ਹਨ ਤੇ ਮਿਲਣਸਾਰ ਨਹੀਂ। ਗੁਆਂਢੀ-ਗੁਆਂਢੀ ਨੂੰ ਨਹੀਂ ਜਾਣਦਾ ਅਤੇ ਬਗੈਰ ਸੱਦੇ ਕੋਈ ਕਿਸੇ ਦੇ ਘਰ ਨਹੀਂ ਜਾਂਦਾ। ਬੱਸਾਂ, ਗੱਡੀਆਂ ਵਿਚ ਦੇਖੋ ਇਕ ਅੰਗਰੇਜ਼ ਦੂਸਰੇ ਅੰਗਰੇਜ਼ ਨਾਲ ਗੱਲ ਨਹੀਂ ਕਰਦਾ ਅਤੇ ਹਰ ਇਕ ਦੇ ਮੂੰਹ ਅੱਗੇ ਅਖ਼ਬਾਰ ਹੁੰਦੀ ਹੈ। ਸਾਡੇ ਪੰਜਾਬੀਆਂ ਦੀ ਇਕ ਦੂਸਰੇ ਨਾਲ ਗੱਲ ਕਰਨ ਦੀ ਆਦਤ ਹੈ ਤੇ ਸਾਨੂੰ ਇਕ ਦੋ ਦਿਨ ਗੱਪਾਂ ਮਾਰਨ ਦਾ ਮੌਕਾ ਨਾ ਮਿਲੇ ਤਾਂ ਅਸੀਂ ਉਦਾਸ ਹੋ ਜਾਂਦੇ ਹਾਂ। ਦੂਸਰੇ ਇੱਥੇ ਦੀ ਆਬੋ-ਹਵਾ ਵੀ ਖਰਾਬ ਹੈ। ਕਈ ਮਹੀਨੇ ਤਾਂ ਅਸਮਾਨ ਭੂਰੇ ਜਿਹੇ ਬੱਦਲਾਂ ਨਾਲ ਢੱਕਿਆ ਰਹਿੰਦਾ ਹੈ।

(i) ਲੰਡਨ ਦੀ ਆਬੋ-ਹਵਾ ਕਿਹੋ ਜਿਹੀ ਹੈ? 1

(ii) ਪੰਜਾਬੀ ਕਦੋਂ ਉਦਾਸ ਹੋ ਜਾਂਦੇ ਹਨ? 2

(iii) ਅੰਗਰੇਜ਼ ਲੋਕ ਤਬੀਅਤ ਦੇ ਕਿਹੋ ਜਿਹੇ ਹਨ? 2

**7.** ਹੇਠ ਲਿਖੇ ਵਿਸ਼ਿਆਂ ਵਿਚੋਂ ਕਿਸੇ ***ਇਕ*** ਵਿਸ਼ੇ 'ਤੇ ਲਗਭਗ **250** ਸ਼ਬਦਾਂ ਦਾ ਲੇਖ ਲਿਖੋ : 5

(i) ਗੁਰੂ ਤੇਗ ਬਹਾਦਰ ਜੀ

(ii) ਦੀਵਾਲੀ ਦਾ ਤਿਉਹਾਰ

(iii) ਟੈਬਲੇਟ ਦੇ ਲਾਭ ਤੇ ਹਾਨੀਆਂ

(iv) ਕੰਨਿਆ ਭਰੂਣ ਹੱਤਿਆ

(v) ਬੇਰੁਜ਼ਗਾਰੀ

**8.** ਸ਼ਹਿਰ ਵਿਚ ਵਧ ਰਹੀ ਗੁੰਡਾਗਰਦੀ ਨੂੰ ਰੋਕਣ ਲਈ ਪੁਲਿਸ ਕਮਿਸ਼ਨਰ ਨੂੰ ਬੇਨਤੀ ਪੱਤਰ ਲਿਖੋ। 5

**ਜਾਂ**

ਆਪਣੇ ਸਕੂਲ ਦੇ ਪ੍ਰਿੰਸੀਪਲ ਨੂੰ ਆਪਣਾ ਸੈਕਸ਼ਨ ਬਦਲਣ ਲਈ ਬਿਨੈ-ਪੱਤਰ ਲਿਖੋ।

**ਭਾਗ – (ਅ)**

**9.** (i) ਹੇਠ ਲਿਖੇ ਕਾਵਿ-ਟੋਟਿਆਂ ਵਿਚੋਂ ਕਿਸੇ ***ਇਕ*** ਦੀ ਪ੍ਰਸੰਗ ਸਹਿਤ ਵਿਆਖਿਆ ਕਰੋ : 5

ਆਪਣੇ ਸਿਰ ਤੇ ਛੱਤ ਨਹੀਂ, ਹੋਰਾਂ ਨੂੰ ਦੇਣ ਸਹਾਰਾ।

ਬੇ-ਘਰ ਲੋਕੀਂ ਰੁੱਖਾਂ ਥੱਲੇ, ਸੌਂ ਕੇ ਕਰਨ ਗੁਜਾਰਾ।

ਪਾਏ ਆਲ੍ਹਣੇ ਰੁੱਖਾਂ ਉੱਤੇ, ਘੁੱਗੀਆਂ, ਚਿੜੀਆਂ, ਕਾਂਵਾਂ,

ਰੁੱਖਾਂ ਬਾਝੋਂ ਧਰਤੀ ਜਿੱਦਾਂ ਬਿਨ ਬੱਚਿਆਂ ਦੇ ਮਾਂਵਾਂ।

**ਜਾਂ**

ਚਲੋ ਆਓ ! ਕੰਡਿਆਲੀ ਤਾਰ ਨੂੰ ਉਖਾੜੀਏ

ਧਰਤੀ ਮਾਂ ਦੀ ਹਿੱਕ 'ਤੇ ਕੰਡਿਆਲੀਆਂ ਤਾਰਾਂ ਗੱਡੀਆਂ ਨੇ ਕਮਲਿਓ !

ਆਓ ! ਸਰਹੱਦ ਦੀ ਤਾਰ ਥਾਂਵੇ ਫੁੱਲ ਬੀਜੀਏ

ਫੁੱਲ ਜੋ ਮੁਹੱਬਤ ਦਾ ਸਿਰਨਾਵਾਂ ਨੇ

(ii) ਗੁਰਮੁਖਿ ਅਤੇ ਮਨਮੁਖਿ ਕਿਨ੍ਹਾਂ ਨੂੰ ਕਿਹਾ ਜਾਂਦਾ ਹੈ ? 3

(iii) ਕਿਸ ਦੀ ਮਿਜ਼ਮਾਨੀ ਦੀ ਗੱਲ ਕੀਤੀ ਗਈ ਹੈ ? 1

**10.** (i) ਰੁੰਡ-ਮੁੰਡ ਰੁੱਖ ਨੂੰ ਦੇਖ ਕੇ ਲੇਖਕ ਦੇ ਮਨ ਵਿਚ ਕਿਸ ਤਰ੍ਹਾਂ ਦੇ ਵਿਚਾਰ ਪੈਦਾ ਹੋਏ ? 3

(ii) ਪੰਜਾਬੀ ਭਾਸ਼ਾ ਲਈ ਵਿਕਸਿਤ ਕਿਸੇ ਛੇ ਸਾਫ਼ਟਵੇਅਰਾਂ ਦੇ ਨਾਂ ਲਿਖੋ। 3

(iii) ਲੋਕ-ਗੀਤਾਂ ਦੇ ਰੂਪ ਕਿਹੜੇ-ਕਿਹੜੇ ਹਨ ? 2

(iv) 'ਹੈਂਕੜ ਅਤੇ ਹਉਮੈ ਦੀ ਮਾਰ' ਲੇਖ ਵਿਚ ਬੱਚੇ ਦਾ ਹੱਥ ਕਿਸ ਨੇ ਤੋੜਿਆ ? 1

**11.** (i) ਅਧਿਆਪਕ ਮੋਹਨ ਲਾਲ ਨੂੰ ਕਿਸ ਦਾ ਡਰ ਸੀ ? 3

(ii) ਈਅਰਫੋਨ ਕਹਾਣੀ ਵਿਚ ਹਾਦਸਾ ਵਾਪਰਨ ਦਾ ਮੁੱਖ ਕਾਰਨ ਕੀ ਸੀ ? ਇਸ ਬਾਰੇ ਵਿਸਤਾਰ ਸਹਿਤ ਦੱਸੋ। 3

(iii) ਅਰਚਨਾ ਅਤੇ ਵੰਦਨਾ ਮਿਲ ਕੇ ਕਿਹੋ-ਜਿਹੀਆਂ ਗੱਲਾਂ ਕਰਦੀਆਂ ਸਨ ? 2

(iv) ਰੋਹਿਤ ਦੇ ਦਾਦੇ ਦਾ ਨਾਮ ਲਿਖੋ। 1

**12.** (i) 'ਬੇਬੇ ਰਾਮ ਭਜਨੀ' ਇਕਾਂਗੀ ਦੇ ਵਿਸ਼ੇ-ਵਸਤੂ ਤੇ ਵਿਚਾਰ ਕਰੋ। 5

**ਜਾਂ**

ਬੇਬੇ ਰਾਮ ਭਜਨੀ ਦਾ ਚਰਿੱਤਰ ਆਪਣੇ ਸ਼ਬਦਾਂ ਵਿਚ ਲਿਖੋ।

(ii) ਕੋਤਵਾਲ ਆਦਮੀ ਨੂੰ ਕਿਉਂ ਮਾਰਦਾ ਹੈ ਤੇ ਰਾਜਾ ਕੋਤਵਾਲ ਸਾਹਮਣੇ ਆਪਣੇ ਆਪ ਨੂੰ ਕੀ ਦਸਦਾ ਹੈ ? 3

(iii) ਗਿਰਝ ਕਿਸ ਦੇ ਸਾਥੀ ਨੂੰ ਖਾ ਗਈ ? 1

(iv) 'ਰਾਜਿਆ ਰਾਜ ਕਰੇਂਦਿਆ' ਇਕਾਂਗੀ ਕਿਸ ਦੀ ਰਚਨਾ ਹੈ ? 1

**13.** (i) ਬੀਬੀ ਭਾਨੀ ਜੀ ਦੇ ਮੁੱਢਲੇ ਜੀਵਨ ਬਾਰੇ ਲਿਖੋ। 3

(ii) ਮਿਲਖਾ ਸਿੰਘ ਨੂੰ ਫਲਾਇੰਗ ਸਿੱਖ ਦਾ ਖਿਤਾਬ ਕਿਵੇਂ ਅਤੇ ਕਿੱਥੇ ਮਿਲਿਆ ? 3

(iii) ਡਾ○ ਅਬਦੁਲ ਕਲਾਮ ਦੀ ਰਹਿਣੀ-ਬਹਿਣੀ ਕਿਹੋ ਜਿਹੀ ਸੀ ? 2

(iv) ਨਾਨਕ ਸਿੰਘ ਦਾ ਬਚਪਨ ਦਾ ਨਾਮ ਕੀ ਸੀ ? 1

**14.** ਹੇਠ ਲਿਖੇ ਬਹੁ-ਵਿਕਲਪੀ ਪ੍ਰਸ਼ਨਾਂ ਵਿਚੋਂ ਸਹੀ ਉੱਤਰ ਚੁਣ ਕੇ ਲਿਖੋ : $1 \times 4 = 4$

(i) ਨਾਨਕ ਸਿੰਘ ਨੇ ਕੁੱਲ ਕਿੰਨੇ ਨਾਵਲ ਲਿਖੇ :

(ੳ) 36 (ਅ) 20

(ੲ) 45 (ਸ) 04

(ii) ਰੋਹਿਤ ਨੂੰ ਕਿਨੂੰ ਕਿਸ ਨੇ ਲੈ ਕੇ ਦਿੱਤੇ ?

(ੳ) ਦਾਦੇ ਨੇ

(ਅ) ਪਰਵੇਜ ਨੇ

(ੲ) ਬੁੱਢੀ ਅੰਮਾ ਨੇ

(ਸ) ਤਾਂਗੇ ਵਾਲੇ ਨੇ

(iii) ਪੰਜਾਬੀਆਂ ਨੇ ਭੰਡਾਰੇ ਕਿਸ ਨਾਲ ਭਰ ਦਿੱਤੇ ?

(ੳ) ਮੱਕੀ ਨਾਲ

(ਅ) ਬਾਜਰੇ ਨਾਲ

(ੲ) ਕਣਕ ਨਾਲ

(ਸ) ਦਾਲ ਨਾਲ

(iv) 'ਮਾਂ ਜੋ ਏਧਰ ਵੀ ਤੇ ਓਧਰ ਵੀ' ਕਵਿਤਾ ਵਿਚ ਮਾਂ ਕਿਸ ਨੂੰ ਕਿਹਾ ਗਿਆ ਹੈ ?

(ੳ) ਮਾਸੀ ਨੂੰ

(ਅ) ਧਰਤੀ ਨੂੰ

(ੲ) ਨਿਸ਼ਾ ਨੂੰ

(ਸ) ਅੰਮਾ ਨੂੰ